ਸਲੇਮਾਨ ਦਾ ਗੀਤ

1 ਸੁਲੇਮਾਨ ਦੇ ਗੀਤਾਂ ਦਾ ਗੀਤ।

ਪ੍ਰੀਤਮਾ ਆਪਣੇ ਪ੍ਰੀਤਮ ਨੂੰ

2ਉਹ ਮੈਨੂੰ ਆਪਣੇ ਮੂੰਹ ਦੇ ਚੁੰਮਣਾਂ ਨਾਲ ਚੁੰਮੇ। ਕਿਉਂਕਿ ਤੇਰਾ ਪਿਆਰ ਹੈ ਬਿਹਤਰ ਸ਼ਰਾਬ ਨਾਲੋਂ।

3ਤੇਰਾ ਅਤਰ ਬਹੁਤ ਨਸ਼ੀਲਾ ਹੈ। ਤੇਰਾ ਨਾਮ ਅਤਰ ਵਰਗਾ ਹੈ ਜੋ ਡੋਲ੍ਹਿਆ ਗਿਆ ਹੋਵੇ, ਇਸ ਲਈ ਜਵਾਨ ਔਰਤਾਂ ਤੈਨੂੰ ਪਿਆਰ ਕਰਦੀਆਂ ਹਨ।

4ਮੈਨੂੰ ਆਪਣੇ ਪਿੱਛੇ ਖਿੱਚ ਲੈ, ਆਪਾਂ ਭੱਜ ਜਾਈਏ! ਰਾਜਾ ਲੈ ਗਿਆ ਮੈਨੂੰ ਆਪਣੇ ਕਮਰੇ ਅੰਦਰ।

ਯਰੂਸ਼ਲਮ ਦੀਆਂ ਔਰਤਾਂ ਆਦਮੀ ਨੂੰ

ਆਨੰਦ ਮਾਣਾਂਗੀਆਂ ਅਸੀਂ ਅਤੇ ਖੁਸ਼ ਹੋਵਾਂਗੀਆਂ ਤੇਰੇ ਲਈ। ਆਪਾਂ ਯਾਦ ਰੱਖੀਏ, ਪਿਆਰ ਤੇਰਾ ਹੈ ਬਿਹਤਰ ਸ਼ਰਾਬ ਨਾਲੋਂ। ਕੋਈ ਅਜੂਬਾ ਨਹੀਂ, ਕਰਨ ਜਵਾਨ ਔਰਤਾਂ ਪਿਆਰ ਤੈਨੂੰ।

ਉਹ ਔਰਤਾਂ ਨਾਲ ਗੱਲ ਕਰਦੀ ਹੈ

5ਯਰੂਸ਼ਲਮ ਦੀਓ ਧੀਓ, ਮੈਂ ਸਾਂਵਲੀ ਹਾਂ, ਪਰ ਖੂਬਸੂਰਤ, ਸਾਂਵਲੀ ਹਾਂ ਮੈਂ ਕੇਦਾਰ ਅਤੇ ਸੁਲੇਮਾਨ ਦੇ ਤੰਬੂਆਂ ਵਾਂਗ।

6ਮੇਰੇ ਵੱਲ ਨਾ ਤੱਕ ਕਿਉਂ ਕਿ ਮੈ ਸਾਂਵਲੀ ਹਾਂ, ਸੂਰਜ ਨੇ ਕਿੰਨੀ ਸਾਂਵਲੀ ਹੈ ਮੈਨੂੰ ਕਰ ਦਿੱਤਾ। ਗੁੱਸੇ ਸਨ ਭਰਾ ਮੇਰੇ, ਬਹੁਤ ਮੇਰੇ ਨਾਲ। ਜ਼ੋਰੀ ਲਾਇਆ ਕੰਮ ਉਨ੍ਹਾਂ ਮੈਨੂੰ ਆਪਣੇ ਅੰਗੂਰਾਂ ਦੇ ਬਾਗਾਂ ਉੱਤੇ। ਧਿਆਨ ਨਹੀਂ ਸਾਂ ਰੱਖ ਸਕੀ ਆਪਣਾ ਇਸ ਲਈ।

ਉਹ ਉਸ ਨਾਲ ਗੱਲ ਕਰਦੀ ਹੈ

7ਕਰਾਂ ਪਿਆਰ ਮੈਂ ਤੁਹਾਨੂੰ ਰੂਹ ਆਪਣੀ ਸਾਰੀ ਨਾਲ। ਦੱਸੋ ਮੈਨੂੰ; ਕਿਥੇ ਚਾਰਦੇ ਹੋ ਤੁਸੀਂ ਭੇਡਾਂ ਆਪਣੀਆਂ? ਕਿਥੇ ਠਹਿਰਾਉਂਦੇ ਹੋ ਤੁਸੀਂ ਉਨ੍ਹਾਂ ਨੂੰ ਸਿਖਰ ਦੁਪਹਿਰੇ? ਮੈਂ ਇੱਧਰ-ਉੱਧਰ ਘੁੰਮ ਫ਼ਿਰ ਕੇ ਤੈਨੂੰ ਘੁੰਡ ਕੱਢੀ ਹੋਈ ਔਰਤ* ਵਾਂਗ ਤੇਰੇ ਮਿੱਤਰਾਂ ਦੇ ਇੱਜੜਾਂ ਵਿੱਚ ਕਿਉਂ ਲੱਭਾਂ?

ਉਹ ਉਸ ਨਾਲ ਗੱਲ ਕਰਦਾ ਹੈ

8ਤੂੰ ਔਰਤਾਂ ਦਰਮਿਆਨ ਖੂਬਸੂਰਤ ਹੈਂ। ਜੇ ਤੂੰ ਨਹੀਂ ਜਾਣਦੀ ਮੈਨੂੰ ਕਿੱਥੇ ਲੱਭਣਾ, ਐਵੇਂ ਹੀ ਭੇਡਾਂ ਦਾ ਪਿੱਛਾ ਕਰ। ਅਤੇ ਆਪਣੀਆਂ ਜਵਾਨ ਬੱਕਰੀਆਂ ਆਜੜੀਆਂ ਦੇ ਤੰਬੂਆਂ ਲਾਗੇ ਚਾਰੋ।

9ਮੇਰੀ ਪਿਆਰੀ, ਵਧੇਰੇ ਲੁਭਾਉਂਦੀ ਹੈ, ਤੂੰ ਮੈਨੂੰ ਫ਼ਿਰਊਨ ਦੇ ਘੋੜਿਆਂ ਵਿਚਲੀ ਘੋੜੀ ਨਾਲੋਂ ਜੋ ਰੱਥ ਨੂੰ ਖਿੱਚਦੇ ਹਨ। ਖੂਬਸੂਰਤ ਨੇ ਗਹਿਣੇ ਉਨ੍ਹਾਂ ਘੋੜਿਆਂ ਦੇ ਪਾਸ, ਉਨ੍ਹਾਂ ਦੇ ਚਿਹਰਿਆਂ ਦੇ ਅਤੇ ਉਨ੍ਹਾਂ ਦੀਆਂ ਗਰਦਣਾਂ ਦੁਆਲੇ।

10-11ਤੇਰੀਆਂ ਗੱਲ੍ਹਾਂ ਗਹਿਣਿਆਂ ਅਤੇ ਝੁਮਕਿਆਂ ਨਾਲ ਸੋਹਣੀਆਂ ਹਨ, ਤੇਰੀ ਗਰਦਨ ਮਣਕਿਆਂ ਦੀਆਂ ਡੋਰੀਆਂ ਨਾਲ ਖੂਬਸੂਰਤ ਹੈ। ਅਸੀਂ ਤੇਰੇ ਲਈ ਚਾਂਦੀ ਨਾਲ ਸੱਜੀਆਂ ਹੋਈਆਂ ਸੋਨੇ ਦੀਆਂ ਸਜਾਵਟਾਂ ਅਤੇ ਝੁਮਕੇ ਬਣਾਵਾਗੇ।

ਉਹ ਬੋਲਦੀ ਹੈ

12ਜਦੋਂ ਰਾਜਾ ਆਪਣੇ ਸੋਫ਼ੇ ਉੱਤੇ ਪਿਆ ਹੁੰਦਾ, ਮੇਰੀ ਸੁਗੰਧ ਅਗਾਂਹ ਉਸ ਤੱਕ ਪਹੁੰਚ ਜਾਂਦੀ ਹੈ।

13ਮੇਰਾ ਪ੍ਰੀਤਮ ਗੰਧਰਸ ਦੀ ਪੁੜੀ ਵਾਂਗ ਹੈ, ਜੋ ਪਈ ਰਹਿੰਦੀ ਹੈ ਸਾਰੀ ਰਾਤ ਮੇਰੀਆਂ ਛਾਤੀਆਂ ਦੇ ਵਿਚਕਾਰ।

14ਪ੍ਰੀਤਮ ਮੇਰਾ ਹੈ ਹਿਨਾ ਦੇ ਫੁੱਲਾਂ ਦੇ ਗੁੱਛਿਆਂ ਵਰਗਾ ਉਗਦੇ ਨੇ ਜਿਹੜੇ ਏਨ-ਗਦੀ ਦੇ ਬਗੀਚਿਆਂ ਅੰਦਰ।

ਉਹ ਬੋਲਦਾ ਹੈ

15ਮੇਰੀ ਪ੍ਰੀਤਮੇ ਸੁੰਦਰ ਹੈਂ ਤੂੰ ਕਿੰਨੀ: ਆਹੋ ਤੂੰ ਸੁੰਦਰ ਹੈਂ। ਘੁੱਗੀਆਂ ਵਰਗੀਆਂ ਨੇ ਅੱਖਾਂ ਤੇਰੀਆਂ।

ਉਹ ਬੋਲਦੀ ਹੈ

16ਕਿੰਨੇ ਛਬੀਲੇ ਹੋ ਤੁਸੀਂ ਪ੍ਰੀਤਮ ਮੇਰੇ! ਹਾਂ, ਕਿੰਨੇ ਮਨਮੋਹਣੇ! ਸਾਡੀ ਸੇਜ਼ ਕਿੰਨੀ ਤਾਜ਼ੀ ਅਤੇ ਖੂਬਸੂਰਤ ਹੈ। 17ਦਿਉਦਾਰ ਹਨ ਸਾਡੇ ਘਰ ਦੇ ਛਤੀਰ ਤੇ, ਫਰ ਹੈ ਇਸ ਦੀ ਛੱਤ।

2 ਮੈਂ ਪੱਧਰੀ ਜ਼ਮੀਨ ਉੱਤੇ ਉੱਗਦਾ ਫ਼ੁੱਲ ਹਾਂ, ਮੈਂ ਵਾਦੀਆਂ ਦੀ ਚੰਬੇਲੀ ਹਾਂ।

ਉਹ ਬੋਲਦਾ ਹੈ

2ਮੇਰੀ ਮਹਿਬੂਬਾ, ਹੋਰਨਾਂ ਔਰਤਾਂ ਵਿੱਚ ਤੂੰ ਇੰਝ ਹੈ ਜਿਵੇਂ ਕਿ ਕੰਡਿਆਂ ਦਰਮਿਆਨ ਚੰਬੇਲੀ ਹੋਵੇ।

ਘੁੰਡ ਕੱਢੀ ਹੋਈ ਔਰਤ ਇਸਦਾ ਅਰਥ ਹੋ ਸਕਦਾ ਹੈ ਕਿ ਉਹ ਆਪਣਾ ਚਿਹਰਾ ਘੁੰਡ ਨਾਲ ਕਜ ਕੇ, ਸ਼ਰਮਾਉਂਦੀ ਹੋਈ ਉਸਨੂੰ ਭਾਲਦੀ ਫਿਰੇਗੀ ਜਾਂ ਇਸਦਾ ਭਾਵ ਵੇਸਵਾ ਵਾਂਗ ਹੋ ਸਕਦਾ ਹੈ।

ਉਹ ਬੋਲਦੀ ਹੈ

3ਸੇਬ ਦੇ ਰੁੱਖ ਵਾਂਗ ਜੋ ਜੰਗਲ ਦੇ ਰੁੱਖਾਂ ਵਿਚਕਾਰ ਉੱਗ ਰਿਹਾ ਹੋਵੇ, ਮੇਰਾ ਪ੍ਰੀਤਮ ਹੈ ਦੂਸਰੇ ਆਦਮੀਆਂ ਦਰਮਿਆਨ।

ਉਹ ਔਰਤਾਂ ਨਾਲ ਗੱਲ ਕਰਦੀ ਹੈ

ਪਸੰਦ ਹੈ ਮੈਨੂੰ ਆਪਣੇ ਪ੍ਰੀਤਮ ਦੀ ਛਾਵੇਂ ਬੈਠਣਾ; ਉਸਦਾ ਫਲ ਮੇਰੇ ਮੂੰਹ ਲਈ ਮਿੱਠਾ ਹੈ।

4ਮੇਰਾ ਪ੍ਰੀਤਮ ਮੈਨੂੰ ਮੈਖਾਨੇ * ਵਿੱਚ ਲੈ ਗਿਆ। ਉਸ ਦਾ ਇਰਾਦਾ ਮੇਰੇ ਵੱਲ ਪਿਆਰ ਦਾ ਸੀ।

5ਤਕੜਾ ਕਰੋ ਮੈਨੂੰ ਕਿਸ਼ਮਿਸ਼ਾਂ ਨਾਲ ਮੈਨੂੰ ਮਿੱਠੇ ਸੇਬਾਂ ਨਾਲ ਤਰੋਤਾਜ਼ਾ ਕਰੋ, ਕਿਉਂ ਕਿ ਮੈਂ ਪਿਆਰ ਨਾਲ ਬਿਮਾਰ ਹਾਂ।

6ਖੱਬੀ ਬਾਂਹ ਮੇਰੇ ਪ੍ਰੀਤਮ ਦੀ ਹੈ ਮੇਰੇ ਸਿਰ ਦੇ ਹੇਠਾਂ ਅਤੇ ਉਸਨੇ ਸੱਜੀ ਬਾਂਹ ਨਾਲ ਮੈਨੂੰ ਗਲਵੱਕੜੀ ਪਾਈ ਹੋਈ ਹੈ।

7ਯਰੂਸ਼ਲਮ ਦੀਓ ਸੁਆਣੀਓ ਇਕਰਾਰ ਕਰੋ ਮੇਰੇ ਨਾਲ ਹਰਨੋਟਿਆਂ ਅਤੇ ਜੰਗਲੀ ਹਿਰਣਾਂ ਤੇ ਹੱਥ ਧਰਕੇ ਜਗਾਓ ਨਾ ਪਿਆਰ ਨੂੰ ਉਤੇਜਿਤ ਕਰੋ ਨਾ ਪਿਆਰ ਨੂੰ, ਜਦੋਂ ਤੱਕ ਇਹ ਨਾ ਚਾਹੇ ਕਿ ਜਗਾਇਆ ਜਾਵੇ।

ਉਹ ਫੇਰ ਬੋਲਦੀ ਹੈ

8ਇਹ ਮੇਰੇ ਪ੍ਰੀਤਮ ਦੀ ਆਵਾਜ਼ ਹੈ! ਵੇਖੋ! ਉਹ ਇੱਥੇ, ਪਹਾੜਾਂ ਤੋਂ ਦੀ ਉੱਛਲਦਾ ਹੋਇਆ ਪਹਾੜੀਆਂ ਤੋਂ ਦੀ ਟੱਪਦਾ ਹੋਇਆ ਆ ਰਿਹਾ ਹੈ।

9ਮੇਰਾ ਪ੍ਰੀਤਮ ਗਜ਼ੇਲ ਜਾਂ ਕਿਸੇ ਜਵਾਨ ਹਿਰਣ ਵਰਗਾ ਹੈ। ਤੱਕੋ ਉਸ ਨੂੰ ਸਾਡੀ ਕੰਧ ਉਹਲੇ ਖੜੇ ਹੋਏ ਨੂੰ ਖਿੜਕੀ ਵਿੱਚੋਂ ਝਾਕਦੇ ਹੋਏ ਨੂੰ ਜਾਲੀ ਵਿੱਚੋਂ ਤਕਦੇ ਹੋਏ ਨੂੰ।

10ਮੇਰੇ ਪ੍ਰੀਤਮ ਨੇ ਮੈਨੂੰ ਉੱਤਰ ਦਿੱਤਾ, “ਉੱਠ ਮੇਰੀ ਮਹਿਬੂਬਾ ਮੇਰੀ ਸੁੰਦਰੀਏ ਮੇਰੇ ਨਾਲ ਚੱਲ।

11ਦੇਖ! ਸਰਦੀ ਬੀਤ ਗਈ ਹੈ ਬਰਖਾ ਲੰਘ ਗਈ ਹੈ ਤੇ ਚਲੀ ਗਈ।

12ਇਹ ਫੁੱਲ ਹਨ ਜਿਹੜੇ ਖੇਤਾਂ ਵਿੱਚ ਖਿੜੇ ਹੋਏ ਹਨ। ਸਮਾਂ ਹੈ ਇਹ ਪੰਛੀਆਂ ਲਈ ਗੀਤ ਗਾਉਣ ਦਾ। ਸੁਣੋ, ਅਸੀਂ ਆਪਣੀ ਧਰਤੀ ਅੰਦਰ ਘੁੱਗੀਆਂ ਨੂੰ ਸੁਣ ਸਕਦੇ ਹਾਂ।

13ਅੰਜੀਰ ਦੇ ਰੁੱਖ, ਕੱਚੇ ਅੰਜੀਰ ਪੈਦਾ ਕਰ ਰਹੇ ਹਨ। ਵੇਲਾਂ ਅੰਗੂਰਾਂ ਦੇ ਫੁੱਲਾਂ ਦੀ ਸੁਗੰਧੀ ਦੇ ਰਹੀਆਂ ਹਨ। ਉੱਠ, ਮੇਰੀ ਮਹਿਬੂਬਾ, ਮੇਰੀ ਸੋਹਣੀਏ ਅਤੇ ਮੇਰੇ ਨਾਲ ਚੱਲ!”

14ਮੇਰੀ ਘੁੱਗੀਏ, ਚੱਟਾਨ ਦੀਆਂ ਤਰੇੜਾਂ ਵਿੱਚ ਖੜੀ ਚੱਟਾਨ ਦੀਆਂ ਲੁਕਣ ਦੀਆਂ ਥਾਵਾਂ ਵਿੱਚ ਦੇਖਣ ਦੇ ਮੈਨੂੰ ਤੇਰਾ ਚਿਹਰਾ, ਸੁਣਨ ਦੇਹ ਮੈਨੂੰ ਤੇਰੀ ਆਵਾਜ਼। ਕਿੰਨੀ ਸੋਹਣੀ ਹੈ ਆਵਾਜ਼ ਤੇਰੀ ਅਤੇ ਕਿੰਨੀ ਸਹੋਣੀ ਹੈ ਤੂੰ।

ਉਹ ਔਰਤਾਂ ਨਾਲ ਬੋਲਦੀ ਹੈ

15ਫੜੋ ਸਾਡੇ ਲਈ ਲੂੰਬੜੀਆਂ ਨੂੰ ਉਨ੍ਹਾਂ ਛੋਟੀਆਂ ਲੂੰਬੜੀਆਂ ਨੂੰ ਜਿਹੜੀਆਂ ਅੰਗੂਰਾਂ ਦੇ ਬਾਗਾਂ ਨੂੰ ਨਸ਼ਟ ਕਰਦੀਆਂ ਹਨ ਕਿਉਂ ਕਿ ਸਾਡੇ ਅੰਗੂਰਾਂ ਦੇ ਬਾਗ ਪੂਰੀ ਬਹਾਰ ਵਿੱਚ ਹਨ।

16ਮੇਰਾ ਪ੍ਰੀਤਮ ਮੇਰਾ ਹੈ, ਤੇ ਮੈਂ ਉਸਦੀ ਹਾਂ! ਮੇਰਾ ਪ੍ਰੀਤਮ ਚੰਬੇਲੀਆਂ ਦਰਮਿਆਨ ਚਰ ਰਿਹਾ ਹੈ।

17ਦਿਨ ਚੜ੍ਹਨ ਤੀਕ ਅਤੇ ਪ੍ਰਛਾਵਿਆਂ ਦੇ ਉੱਡ ਜਾਣ ਤੀਕ ਮੁੜ, ਮੇਰੇ ਪ੍ਰੀਤਮ, ਹਰਨੋਟੇ ਜਾਂ ਜਵਾਨ ਹਿਰਣ ਵਾਂਗ। ਜਿਹੜਾ ਪਰਬਤਾਂ ਉੱਤੇ ਹੁੰਦਾ ਹੈ।

ਉਹ ਬੋਲਦੀ ਹੈ

3 ਰਾਤ ਵੇਲੇ ਆਪਣੀ ਸੇਜ ਉੱਤੇ ਲੱਭਦੀ ਹਾਂ ਮੈਂ ਪ੍ਰੀਤਮ ਆਪਣੇ ਨੂੰ। ਲਭਦੀ ਹਾਂ ਮੈਂ ਉਸਨੂੰ ਪਰ ਮਿਲ ਸਕਿਆ ਨਹੀਂ ਉਹ ਮੈਨੂੰ।

2ਉੱਠ ਜਾਵਾਂਗੀ ਹੁਣ ਮੈਂ। ਘੁੰਮਾਂਗੀ ਮੈਂ ਸ਼ਹਿਰ ਅੰਦਰ। ਤਲਾਸ਼ ਕਰਾਂਗੀ ਮੈਂ ਆਪਣੇ ਪ੍ਰਤੀਮ ਦੀ ਗਲੀਆਂ ਮੁਹਲਿਆਂ ਅੰਦਰ। ਲੱਭਿਆ ਮੈਂ ਉਸ ਨੂੰ। ਪਰ ਮਿਲ ਨਹੀਂ ਸਕਿਆ ਉਹ ਮੈਨੂੰ!

3ਪਹਿਰੇਦਾਰਾਂ ਨੇ ਜਿਹੜੇ ਨਗਰ ਦੇ ਦੁਆਲੇ ਜਾਂਦੇ ਨੇ ਉਨ੍ਹਾਂ ਮੈਨੂੰ ਲੱਭ ਲਿਆ। ਪੁੱਛਿਆ ਮੈਂ ਉਨ੍ਹਾਂ ਕੋਲੋਂ “ਕੀ ਦੇਖਿਆ ਹੈ ਤੁਸੀਂ ਮੇਰੇ ਪ੍ਰੀਤਮ ਨੂੰ?”

4ਕੁਝ ਹੀ ਦੂਰ ਗਈ ਸਾਂ ਮੈਂ ਪਹਿਰੇਦਾਰਾਂ ਕੋਲੋਂ, ਜਦੋਂ ਮੈਂ ਆਪਣੇ ਪ੍ਰੀਤਮ ਨੂੰ ਲੱਭ ਲਿਆ। ਫ਼ੜ ਲਿਆ ਮੈਂ ਉਸਨੂੰ ਅਤੇ ਜਾਣ ਨਹੀਂ ਦਿੱਤਾ ਮੈਂ ਉਸਨੂੰ ਜਦੋਂ ਤੀਕ ਲੈ ਨਹੀਂ ਗਈ ਮੈਂ ਉਸਨੂੰ ਆਪਣੀ ਮਾਂ ਦੇ ਘਰ ਅੰਦਰ, ਉਸ ਇੱਕ ਦੇ ਕਮਰੇ ਵਿੱਚ ਜਿਸਨੇ ਮੇਰੀ ਕਲਪਨਾ ਕੀਤੀ।

ਉਹ ਔਰਤਾਂ ਨਾਲ ਗੱਲ ਕਰਦੀ ਹੈ

5ਯਰੂਸ਼ਲਮ ਦੀਓ ਨਾਰੀਓ, ਖੇਤਾਂ ਦੇ ਹਰਨੋਟਿਆਂ ਅਤੇ ਜਵਾਨ ਹਿਰਨਾਂ ਦੀ ਸਹੁੰ ਖਾ ਕੇ ਮੇਰੇ ਨਾਲ ਇਕਰਾਰ ਕਰੋ: ਜਗਾਓ ਨਾ ਪਿਆਰ ਨੂੰ, ਉਤੇਜਿਤ ਕਰੋ ਨਾ ਪਿਆਰ ਨੂੰ ਜਦੋਂ ਤੀਕ ਇਹ ਨਾ ਚਾਹੇ ਕਿ ਜਗਾਇਆ ਜਾਵੇ।

ਉਹ ਅਤੇ ਉਸ ਦੀ ਲਾੜੀ

6ਲੋਕਾਂ ਦੇ ਵਿਸ਼ਾਲ ਸਮੂਹ ਨਾਲ ਮਾਰੂਥਲ ਵੱਲੋਂ ਇਹ ਔਰਤ ਕਿੱਝ ਆ ਰਹੀ ਹੈ?” ਉੱਡਦੀ ਹੈ ਧੂੜ ਪਿੱਛੇ ਉਨ੍ਹਾਂ ਦੇ ਧੂੰਏ ਦੇ ਬਦਲਾਂ ਵਾਂਗ, ਗੰਧਰਸ ਤੇ ਲੁਬਾਨ ਵਰਗੀਆਂ ਸੁਗੰਧਿਤ ਚੀਜ਼ਾਂ ਦੇ ਬਲਣ ਉੱਤੇ ਉਠਦੇ ਨੇ ਜੋ।

7ਦੇਖੋ, ਸੁਲੇਮਾਨ ਦਾ ਸਫ਼ਰੀ ਤਖਤ ਇੱਥੇ ਹੈ ਜਿਸਦੀ 60 ਪਹਿਰੇਦਾਰ ਰਾਖੀ ਕਰ ਰਹੇ ਹਨ। ਇਸਰਾਏਲ ਦੇ ਤਾਕਤਵਰ ਸੈਨਿਕ!

8ਉਨ੍ਹਾਂ ਵਿੱਚੋਂ ਸਾਰੇ ਹੀ ਸਿੱਖਿਆ ਪ੍ਰਾਪਤ ਲੜਾਕੂ ਹਨ; ਤਲਵਾਰਾਂ ਉਨ੍ਹਾਂ ਦੇ ਪਾਸਿਆਂ ਨਾਲ ਲਟਕਦੀਆਂ ਹੋਈਆਂ, ਰਾਤ ਦੇ ਹਰ ਖਤਰੇ ਲਈ ਤਿਆਰ!

ਮੈਖਾਨੇ ਇਸ ਦਾ ਭਾਵ ਹੋ ਸਕਦਾ “ਪਿਆਰ ਦਾ ਆਤਬ” ਜਿੱਥੇ ਪਿਆਰ ਕਰਨਾ ਮੈ ਜਿੰਨਾ ਨਸ਼ੀਲਾ ਹੁੰਦਾ ਹੈ।

9ਇਹ ਇੱਕ ਸਫ਼ਰੀ ਤਖਤ ਹੈ ਜੋ ਸੁਲੇਮਾਨ ਨੇ ਆਪਣੇ ਲਈ
ਲਬਾਨੋਨ ਦੀ ਲਕੜੀ ਤੋਂ ਬਣਵਾਇਆ।
10ਹੱਥੇ ਜਿਸ ਦੇ ਸਨ ਚਾਂਦੀ ਦੇ ਬਣੇ ਹੋਏ, ਤੇ ਥੱਲਾ ਸੋਨੇ ਦਾ
ਸੀ। ਇਸ ਦੀ ਗੱਦੀ ਬੈਂਗਣੀ ਕੱਪੜੇ ਨਾਲ ਢੱਕੀ ਹੋਈ ਸੀ।
ਬਣਾਇਆ ਸੀ ਇਸਨੂੰ ਪਿਆਰ ਨਾਲ ਯਰੂਸ਼ਲਮ ਦੀਆਂ ਔਰਤਾਂ
ਨੇ।
11ਸੀਯੋਨ ਦੀਓ ਔਰਤੋ ਬਾਹਰ ਆਓ ਦੇਖੋ ਰਾਜੇ ਸੁਲੇਮਾਨ ਨੂੰ
ਦੇਖੋ ਉਹ ਤਾਜ ਰੱਖਿਆ ਸੀ ਜਿਹੜਾ ਮਾਂ ਉਸਦੀ ਨੇ ਉਸਦੇ ਸਿਰ
ਤੇ। ਓਸ ਦਿਨ ਜਦੋਂ ਸੀ ਉਹ ਵਿਆਹਿਆ ਓਸ ਦਿਨ ਜਦੋਂ
ਪ੍ਰਸੰਨ ਸੀ ਉਹ ਬਹੁਤ ਹੀ!

ਉਹ ਉਸ ਨਾਲ ਬੋਲਦਾ ਹੈ

4 ਮੇਰੀ ਪ੍ਰੀਤਮਾ ਕਿੰਨੀ ਖੂਬਸੂਰਤ ਹੈ ਤੂੰ! ਹਾਂ ਤੂੰ ਖੂਬਸੂਰਤ ਹੈਂ।
ਅੱਖਾਂ ਤੇਰੀਆਂ ਨੇ ਘੁੱਗੀ ਵਰਗੀਆਂ ਤੇਰੀ ਨਕਾਬ ਅੰਦਰ।
ਵਾਲ ਤੇਰੇ ਲੰਮੇ ਤੇ ਲਹਿਰਾਂਦੇ ਹੋਏ ਗਿਲਆਦ ਪਰਬਤ ਤੋਂ ਬੱਕਰੀਆਂ
ਦੇ ਇੱਜੜ ਦੇ ਨੱਚਣ ਵਾਂਗ।
2ਤੇਰੇ ਦੰਦ ਮੁੰਨੀਆਂ ਹੋਈਆਂ ਸਫ਼ੇਦ ਬੱਕਰੀਆਂ ਵਰਗੇ ਹਨ।
ਉਨ੍ਹਾਂ ਵਿੱਚੋਂ ਹਰ ਕੋਈ ਜੌੜਿਆਂ ਨੂੰ ਜਨਮ ਦਿੰਦੀ ਹੈ ਅਤੇ ਉਨ੍ਹਾਂ
ਵਿੱਚੋਂ ਕਿਸੇ ਨੇ ਵੀ ਕੋਈ ਜੁਆਕ ਨਹੀਂ ਗੁਆਇਆ।
3ਹੋਂਠ ਤੇਰੇ ਨੇ ਸੰਧੂਰੀ ਧਾਗੇ ਵਰਗੇ। ਤੇਰਾ ਮੂੰਹ ਖੂਬਸੂਰਤ ਹੈ।
ਪੁੜਪੜੀਆਂ ਤੇਰੀਆਂ ਨਕਾਬ ਅੰਦਰ ਹਨ ਇਸ ਤਰ੍ਹਾਂ ਦੋ ਫਾੜੀਆਂ
ਹੋਣ ਜਿਵੇਂ ਅਨਾਰ ਦੀਆਂ।
4ਤੇਰੀ ਗਰਦਨ ਦਾਊਦ ਦੇ ਮੁਨਾਰੇ ਵਰਗੀ ਹੈ ਜੋ ਲੰਮੀ ਹੈ
ਅਤੇ ਸੋਭਾ ਨਾਲ ਬਣਾਈ ਹੋਈ ਅਤੇ ਸਜਾਇਆ ਸੀ ਇਸ ਦੀਆਂ
ਦੀਵਾਰਾਂ ਨੂੰ ਲਟਕਦੀਆਂ ਹਜ਼ਾਰਾਂ ਢਾਲਾਂ ਨਾਲ, ਉਹ ਸਾਰੀਆਂ
ਤਾਕਤਵਰ ਸੈਨਿਕਾਂ ਦੀਆਂ ਢਾਲਾਂ ਹਨ।
5ਛਾਤੀਆਂ ਤੇਰੀਆਂ ਹਨ ਜੌੜੇ ਹਰਨੋਟਿਆਂ ਵਾਂਗ। ਗਜੇਲਾਂ ਦੇ
ਜੌੜਿਆਂ ਵਾਂਗ ਜੋ ਚੰਬੇਲੀਆਂ ਵਿੱਚ ਚਰ ਰਹੇ ਹਨ।
6ਜਿਨ੍ਹਾਂ ਚਿਰ ਦਿਨ ਢਲ ਨਾ ਜਾਵੇ ਅਤੇ ਪ੍ਰਛਾਵੇ ਉੱਡ ਨਾ
ਜਾਣ ਮੈਂ ਗੰਧਰਸ ਦੇ ਪਰਬਤ ਨੂੰ ਅਤੇ ਲੁਬਾਨ ਦੀ ਪਹਾੜੀ ਵੱਲ
ਨੂੰ ਚਲਾ ਜਾਵਾਂਗਾ।
7ਮੇਰੀ ਪ੍ਰੀਤਮਾ ਖੂਬਸੂਰਤ ਹੈ ਤੂੰ ਸਾਰੀ ਦੀ ਸਾਰੀ ਦਾਗ ਨਹੀਂ
ਕਿਧਰੇ ਵੀ ਤੇਰੇ ਜਿਸਮ ਉੱਤੇ!
8ਆ ਮੇਰੇ ਨਾਲ ਲਬਾਨੋਨ ਤੋਂ, ਮੇਰੀ ਲਾੜੀਏ। ਲਬਾਨੋਨ ਤੋਂ
ਆ ਮੇਰੇ ਨਾਲ। ਵੇਖੇਂਗੀ ਤੂੰ ਆਮੰਨਾ ਦੀ ਟੀਸੀ ਤੋਂ, ਸ਼ਨੀਰ ਅਤੇ
ਹਰਮੋਨ ਦੀ ਸਿਖਰ ਤੋਂ ਸ਼ੇਰਾ ਦੀਆਂ ਗੁਫਾਵਾਂ ਤੋਂ ਚੀਤਿਆਂ ਦੇ
ਪਹਾੜਾਂ ਤੋਂ।
9ਤੂੰ ਮੇਰਾ ਦਿਲ ਚੁਰਾ ਲਿਆ ਹੈ, ਮੇਰੀ ਪ੍ਰੀਤਮੇ, ਮੇਰੀ ਲਾੜੀਏ।
ਚੁਰਾ ਲਿਆ ਹੈ ਤੂੰ ਦਿਲ ਮੇਰਾ ਆਪਣੀ ਸਿਰਫ ਇੱਕੋ ਅੱਖ ਨਾਲ
ਆਪਣੇ ਹਾਰ ਦੇ ਸਿਰਫ ਇੱਕੋ ਮੋਤੀ ਨਾਲ।
10ਕਿੰਨਾ ਆਨੰਦ-ਦਾਇਕ ਹੈ ਪਿਆਰ ਤੇਰਾ ਮੇਰੀਏ ਸੋਹਣੀਏ,
ਮੇਰੀ ਲਾੜੀਏ। ਤੇਰਾ ਪਿਆਰ ਕਿੰਨਾ ਖੂਬਸੂਰਤ ਮੇਰੀਏ ਭੈਣੇ,
ਮੇਰੀ ਲਾੜੀਏ। ਤੇਰਾ ਅਤਰ ਦੁਨੀਆਂ ਵਿੱਚ ਕਿਸੇ ਵੀ ਅਤਰ
ਨਾਲੋਂ ਚੰਗਾ ਹੈ।
11ਇਹ ਸ਼ਹਿਦ ਹੈ ਜੋ ਤੇਰੇ ਬੁਲ੍ਹਾਂ ਚੋਂ ਚੋਂਦਾ, ਮੇਰੀ ਲਾੜੀਏ
ਸ਼ਹਿਦ ਅਤੇ ਦੁੱਧ ਹਨ ਤੇਰੀ ਜ਼ੁਬਾਨ ਹੇਠਾਂ। ਕੱਪੜੇ ਤੇਰੇ ਛੱਡਦੇ
ਹਨ ਸੁਗੰਧਾਂ ਲਬਾਨੋਨ ਦੀਆਂ।
12ਇੱਕ ਤਾਲੇ ਬੰਦ ਬਾਗ ਵਾਂਗ ਹੈ ਤੂੰ, ਮੇਰੀਏ ਭੈਣੇ, ਮੇਰੀਏ
ਲਾੜੀਏ, ਇੱਕ ਤਾਲੇ ਬੰਦ ਝਰਨੇ ਵਾਂਗ, ਇੱਕ ਮੋਹਰ ਬੰਦ ਫੁਹਾਰੇ
ਵਾਂਗ।
13ਅੰਗ ਤੇਰੇ ਨੇ ਓਸ ਬਾਗ਼ ਵਰਗੇ, ਭਰਿਆ ਹੋਵੇ ਜਿਹੜਾ
ਅਨਾਰਾਂ ਨਾਲ ਤੇ ਹੋਰ ਪਿਆਰੇ ਫ਼ਲਾਂ ਨਾਲ, ਸਭ ਤੋਂ ਉੱਤਮ
ਮਸਾਲਿਆਂ ਨਾਲ: ਜਿਵੇਂ ਹਿਨਾ, ਅਤੇ ਜਟਾ ਮਾਸੀ,
14ਕੇਸਰ, ਕਾਲਮਸ ਅਤੇ ਲੁਬਾਨ ਦੇ ਸਾਰੇ ਦ੍ਰੱਖਤਾਂ ਨਾਲ
ਦਾਲਚੀਨੀ, ਮੁਰ ਅਤੇ ਕੇਵੜਾ। 15ਤੂੰ ਹੈਂ ਕਿਸੇ ਬਾਗ਼ ਦੇ ਫੁਹਾਰੇ
ਵਾਂਗ ਤਾਜ਼ੇ ਪਾਣੀ ਦੇ ਖੂਹ ਵਾਂਗ, ਅਤੇ ਲਬਾਨੋਨ ਤੋਂ ਵਹਿੰਦੀ
ਨਹਿਰ ਵਾਂਗ।

ਉਹ ਬੋਲਦੀ ਹੈ

16ਉੱਠ, ਉੱਤਰ ਦੀਏ ਹਵਾਏ। ਅਤੇ ਦੱਖਣ ਵੱਲ ਨੂੰ ਆਓ।
ਵਗ ਮੇਰੇ ਬਾਗ਼ ਉੱਤੇ। ਆ ਅਤੇ ਮੇਰੇ ਬਾਗ਼ ਦੀ ਮਿੱਠੀ ਸੁਗੰਧ
ਬਿਖੇਰ। ਮੇਰੇ ਪ੍ਰੀਤਮ ਨੂੰ ਇਸ ਬਾਗ਼ ਅੰਦਰ ਆਉਣ ਦੇ ਅਤੇ
ਖਾਣ ਦੇ ਉਸਨੂੰ ਮਿੱਠੇ ਫ਼ਲ ਜੋ ਉਸਦੇ ਹਨ।

ਉਹ ਬੋਲਦਾ ਹੈ

5 ਮੇਰੀ ਪ੍ਰੀਤਮੇ ਮੇਰੀ ਲਾੜੀਏ ਆ ਗਿਆ ਹਾਂ ਮੈਂ ਆਪਣੇ
ਬਾਗ ਅੰਦਰ। ਮੈਂ ਆਪਣੇ ਗੰਧਰਸ ਅਤੇ ਮੇਰੇ ਮਸਾਲਿਆਂ
ਨੂੰ ਇਕੱਤ੍ਰ ਕਰ ਲਿਆ ਹੈ। ਮੈਂ ਸ਼ਹਿਦ ਸਮੇਤ ਆਪਣੇ ਛੱਤੇ ਨੂੰ ਖਾ
ਲਿਆ ਹੈ। ਪੀ ਲਿਆ ਹੈ ਦੁੱਧ ਅਤੇ ਮੈਅ ਆਪਣੀ ਨੂੰ।

ਔਰਤਾਂ ਦਾ ਪ੍ਰੇਮੀਆਂ ਨਾਲ ਗੱਲ ਕਰਨਾ

ਪਿਆਰੇ ਮਿੱਤਰੋ ਖਾਵੋ, ਪੀਵੋ! ਮਦਹੋਸ਼ ਹੋ ਜਾਵੋ ਪਿਆਰ ਨਾਲ!

ਉਹ ਬੋਲਦੀ ਹੈ

2ਸੁੱਤੀ ਹੋਈ ਹਾਂ ਮੈਂ ਪਰ ਦਿਲ ਮੇਰਾ ਹੈ ਜਾਗਦਾ। ਸੁਣ ਰਹੀ
ਹੈ ਦਸਤਕ ਮੈਨੂੰ ਆਪਣੇ ਪ੍ਰਤੀਮ ਦੀ। “ਖੋਹਲ ਦਰਵਾਜ਼ਾ ਮੇਰੀ
ਭੈਣੇ ਮੇਰੀ ਪ੍ਰੀਤਮੇ ਮੇਰੀ ਘੁੱਗੀਏ, ਮੇਰਾ ਸਿਰ ਤ੍ਰੇਲ ਨਾਲ ਭਿੱਜਿਆ
ਹੋਇਆ ਹੈ।”
3“ਲਾਹ ਦਿੱਤਾ ਹੈ ਮੈਂ ਚੋਲਾ ਆਪਣਾ। ਫੇਰ ਨਹੀਂ ਪਾਉਣਾ
ਚਾਹੁੰਦੀ ਮੈਂ ਇਸਨੂੰ। ਧੋ ਲਏ ਨੇ ਪੈਰ ਮੈਂ ਆਪਣੇ ਫੇਰ ਨਹੀਂ ਗੰਦੇ
ਕਰਨਾ ਚਾਹੁੰਦੀ ਮੈਂ ਇਨ੍ਹਾਂ ਨੂੰ।”
4ਪਰ ਮੇਰੇ ਪ੍ਰੀਤਮ ਨੇ ਪਾ ਦਿੱਤਾ ਹੈ ਹੱਥ ਆਪਣਾ ਪ੍ਰਵੇਸ਼ ਥਾਣੀਂ
ਅਤੇ ਮੇਰਾ ਦਿਲ ਉਸ ਖਾਤਿਰ ਰੋ ਪਿਆ।
5ਉੱਠੀ ਮੈਂ ਖੋਲ੍ਹਣ ਲਈ ਕਰ ਆਪਣੇ ਪ੍ਰੀਤਮ ਲਈ ਗੰਧਰਸ
ਚੋਂ ਰਿਹਾ ਸੀ ਮੇਰੇ ਹੱਥਾਂ ਵਿੱਚੋਂ ਮੇਰੀਆਂ ਉਂਗਲਾਂ ਚੋਂ ਚੋਂਦਾ ਗੰਧਰਸ
ਪਿਆ ਤਾਲੇ ਦੇ ਹੱਥੇ ਉੱਤੇ।

6ਦਰ ਖੋਲ੍ਹ ਦਿੱਤਾ ਮੈਂ ਆਪਣੇ ਪ੍ਰੀਤਮ ਲਈ ਪਰ ਪ੍ਰੀਤਮ ਮੇਰਾ ਮੁੜ ਪਿਆ ਸੀ ਤੇ ਤੁਰ ਗਿਆ ਸੀ! ਤਰਸ ਗਈ ਸਾਂ ਮੈਂ ਉਸਦੀ ਆਵਾਜ਼ ਸੁਣਨ ਲਈ। ਲੱਭਿਆ ਮੈਂ ਉਸਨੂੰ ਪਰ ਲੱਭ ਨਹੀਂ ਸਕੀ ਮੈਂ ਉਸਨੂੰ; ਆਵਾਜ਼ ਦਿੱਤੀ ਮੈਂ ਉਸਨੂੰ; ਪਰ ਜਵਾਬ ਨਹੀਂ ਸੀ ਦਿੱਤਾ ਮੈਨੂੰ ਉਸਨੇ।

7ਮਿਲ ਪਏ ਮੈਨੂੰ ਸ਼ਹਿਰ ਦੇ ਪਹਿਰੇਦਾਰ। ਮਾਰਿਆ ਉਨ੍ਹਾਂ ਮੈਨੂੰ ਦੁੱਖ ਦਿੱਤਾ ਉਨ੍ਹਾਂ ਮੈਨੂੰ ਕੰਧ ਉੱਤੇ ਖਲੋਤੇ ਪਹਿਰੇਦਾਰਾਂ ਨੇ ਮੈਥੋਂ ਮੇਰਾ ਸ਼ੌਲ ਖੋਹ ਲਿਆ।

8ਇਕਰਾਰ ਕਰੋ ਮੇਰੇ ਨਾਲ, ਯਰੂਸ਼ਲਮ ਦੀਓ ਨਾਰੀਓ ਮਿਲ ਜਾਵੇ ਜੇ ਤੁਹਾਨੂੰ ਮੇਰਾ ਪ੍ਰੀਤਮ ਕਿੱਧਰੇ ਆਖਣਾ ਉਸਨੂੰ ਕਿ ਮੈਂ ਪਿਆਰ ਨਾਲ ਬਿਮਾਰ ਹੋ ਗਈ ਹਾਂ।

ਯਰੂਸ਼ਲਮ ਦੀਆਂ ਔਰਤਾਂ ਉਸਨੂੰ ਉੱਤਰ ਦਿੰਦੀਆਂ ਹਨ

9ਕਿਵੇਂ ਹੈਂ ਤੇਰਾ ਪ੍ਰੀਤਮ ਵੱਖਰਾ ਹੋਰਾਂ ਪ੍ਰੇਮੀਆਂ ਨਾਲੋਂ ਸੁਹਣੀਏਂ? ਕੀ ਬਿਹਤਰ ਹੈ ਪ੍ਰੀਤਮ ਤੇਰਾ ਹੋਰਨਾਂ ਪ੍ਰੇਮੀਆਂ ਨਾਲੋਂ? ਤੂੰ ਸਾਨੂੰ ਇਹ ਇਕਰਾਰ ਕਰਨ ਲਈ ਕਿਉਂ ਕਿਹਾ ਹੈ?

ਉਹ ਯਰੂਸ਼ਲਮ ਦੀਆਂ ਔਰਤਾਂ ਨੂੰ ਜਵਾਬ ਦਿੰਦੀ ਹੈ

10ਮੇਰੇ ਪ੍ਰੀਤਮ ਦਾ ਚਿਹਰਾ ਚਮਕਦਾਰ ਹੈ ਅਤੇ ਗੱਲ੍ਹਾਂ ਗੁਲਾਬੀ ਹਨ ਵੱਖਰਾ ਦਿਸੇਗਾ ਉਹ 10,000 ਬੰਦਿਆਂ ਵਿੱਚੋਂ।

11ਸਿਰ ਉਸਦਾ ਹੈ ਸ਼ੁਧ ਸੋਨੇ ਵਰਗਾ। ਘੁੰਗਰਾਲੇ ਨੇ ਵਾਲ ਉਸਦੇ ਕਾਲੇ ਹਿਰਨ ਵਾਂਗਰਾਂ।

12ਅੱਖੀਆਂ ਉਸਦੀਆਂ ਹਨ ਘੁੱਗੀਆਂ ਜਿਵੇਂ ਹੋਣ ਝਰਨੇ ਉੱਤੇ। ਜਿਵੇਂ ਘੁੱਗੀਆਂ ਦੁੱਧ ਵਿੱਚ ਧੋਤੀਆਂ ਹੋਣ ਜਿਵੇਂ ਕੋਈ ਮੋਤੀ ਹੁੰਦਾ ਆਪਣੇ ਚੌਗਿਰਦੇ ਅੰਦਰ।

13ਗੱਲ੍ਹਾਂ ਉਸਦੀਆਂ ਹਨ ਮਸਾਲਿਆਂ ਦੇ ਬਾਗ ਵਰਗੀਆਂ ਸੁਗੰਧੀ ਦਿੰਦੀਆਂ ਹੋਈਆਂ। ਹੋਠ ਉਸਦੇ ਹਨ ਚੰਬੇਲੀ ਵਰਗੇ ਗੰਧਰਸ ਨਾਲ ਜਿਉਂਦੇ ਹੋਏ।

14ਬਾਹਾਂ ਉਸਦੀਆਂ ਹਨ ਸੁਨਹਿਰੀ ਛੜਾਂ ਵਰਗੀਆਂ ਜੜੇ ਹੋਣ ਉਨ੍ਹਾਂ ਉੱਤੇ ਹੀਰੇ। ਦੇਹ ਉਸਦੀ ਹੈ ਪਾਲਿਸ਼ ਕੀਤੇ ਹਾਥੀ ਦੰਦ ਵਰਗੀ ਜਿਸ ਉੱਤੇ ਲੱਗੇ ਹੋਣ ਜਿਵੇਂ ਨੀਲਮ।

15ਲੱਤਾਂ ਉਸਦੀਆਂ ਹਨ ਸੰਗਮਰਮਰੀ ਥੰਮਾਂ ਵਰਗੀਆਂ ਖਲੋਤੇ ਸੋਹਣੇ ਸੁਨਹਿਰੀ ਆਧਾਰ ਉੱਤੇ। ਲੰਮ ਸਲੰਮਾ ਹੈ ਉਹ ਲਬਾਨੋਨ ਅੰਦਰ ਜਿਵੇਂ ਹੋਵੇ ਰੁੱਖ ਸੁਹਾਣਾ ਦਿਆਰ ਦਾ।

16ਉਸ ਦਾ ਮੂੰਹ ਸਭ ਤੋਂ ਮਿੱਠਾ ਹੈ ਉਹ ਹਰ ਤਰ੍ਹਾਂ ਇੱਛਾ ਯੋਗ ਹੈ, ਇਹ ਮੇਰਾ ਪ੍ਰੀਤਮ, ਇਹ ਮੇਰਾ ਪ੍ਰੇਮੀ ਹੈ।

ਯਰੂਸ਼ਲਮ ਦੀਆਂ ਔਰਤਾਂ ਉਸਨੂੰ ਆਖਦੀਆਂ ਹਨ

6 ਕਿੱਧਰ ਗਿਆ ਹੈ ਪ੍ਰੀਤਮ ਤੇਰਾ ਔਰਤਾਂ ਦਰਮਿਆਨ ਸਭ ਤੋਂ ਸੋਹਣੀਏ? ਕਿਸ ਰਾਹੇ ਗਿਆ ਪ੍ਰੀਤਮ ਤੇਰਾ? ਦੱਸ ਸਾਨੂੰ ਤਾਂ ਜੋ ਲੱਭਣ ਵਿੱਚ ਤੇਰੀ ਅਸੀਂ ਕਰ ਸਕੀਏ ਸਹਾਇਤਾ।

ਉਹ ਯਰੂਸ਼ਲਮ ਦੀਆਂ ਔਰਤਾਂ ਨੂੰ ਜਵਾਬ ਦਿੰਦੀ ਹੈ

2ਤੁਰ ਗਿਆ ਹੈ ਪ੍ਰੀਤਮ ਮੇਰਾ ਆਪਣੇ ਬਾਗ਼ ਵਿੱਚ ਮਸਾਲਿਆਂ ਦੀਆਂ ਕਿਆਰੀਆਂ ਵੱਲ। ਗਿਆ ਹੈ ਉਹ ਚਾਰੇ ਲਈ ਬਾਗ ਅੰਦਰ ਅਤੇ ਚੁਣਨ ਲਈ ਕਲੀਆਂ ਚੰਬੇਲੀ ਦੀਆਂ।

3ਮੈਂ ਹਾਂ ਪ੍ਰੀਤਮ ਆਪਣੇ ਦੀ, ਤੇ ਮੇਰਾ ਪ੍ਰੀਤਮ ਮੇਰਾ ਹੈ। ਉਹ ਚੰਬੇਲੀਆਂ ਦਰਮਿਆਨ ਚਰਦਾ।

ਉਹ ਉਸ ਨਾਲ ਗੱਲ ਕਰਦਾ ਹੈ

4ਖੂਬਸੂਰਤ ਹੈਂ ਤੂੰ, ਮੇਰੀ ਪ੍ਰੀਤਮੇ, ਤਿਰਜਾਹ ਵਾਂਗ। ਯਰੂਸ਼ਲਮ ਵਾਂਗ ਮਨਮੋਹਣੀ ਹੈਂ ਤੂੰ; ਉਨ੍ਹਾਂ ਕਿਲ੍ਹੇ ਬੰਦ ਸ਼ਹਿਰਾਂ ਜਿੰਨੀ ਭੈਭੀਤ ਹੈਂ ਤੂੰ।

5ਤੱਕ ਨਾ ਮੇਰੇ ਵੱਲ। ਤੇਰੀਆਂ ਅੱਖਾਂ ਦੀ ਤਾਬ ਨਹੀਂ ਝਲੀ ਜਾਂਦੀ ਮੇਰੇ ਕੋਲੋਂ। ਤੇਰੇ ਵਾਲ ਲੰਮੇ ਹਨ ਅਤੇ ਉੱਡ ਰਹੇ ਹਨ, ਜਿਵੇਂ ਬੱਕਰੀਆਂ ਦਾ ਕੋਈ ਇੱਜੜ ਉੱਤਰ ਰਿਹਾ ਹੋਵੇ ਗਿਲਆਦ ਪਰਬਤ ਦੀਆਂ ਢਲਾਨਾਂ ਤੋਂ।

6ਦੰਦ ਤੇਰੇ ਚਿੱਟੇ ਹਨ ਭੇਡਾਂ ਵਰਗੇ ਨਿਕਲੀਆਂ ਹੋਣ ਜਿਹੜੀਆਂ ਨਹਾ ਕੇ। ਉਨ੍ਹਾਂ ਵਿੱਚੋਂ ਹਰ ਕੋਈ ਜੌੜਿਆਂ ਨੂੰ ਜੰਮਦੀ ਹੈ। ਅਤੇ ਉਨ੍ਹਾਂ ਵਿੱਚੋਂ ਕਿਸੇ ਨੇ ਵੀ ਆਪਣਾ ਨਿਆਣਾ ਨਹੀਂ ਗੁਆਇਆ।

7ਤੇਰੇ ਘੁੰਡ ਹੇਠਾਂ ਤੇਰੀਆਂ ਪੜਪੁੜੀਆਂ ਅਨਾਰ ਦੇ ਦੋ ਟੋਟਿਆਂ ਵਰਗੀਆਂ ਹਨ।

8ਹੋਣ ਭਾਵੇਂ ਸੱਠ ਰਾਣੀਆਂ ਅਤੇ ਅੱਸੀ ਰਖੈਲਾਂ ਅਤੇ ਅਨਗਿਣਤ ਦਾਸੀਆਂ,

9ਪਰ ਮੇਰੇ ਲਈ ਹੈ ਸਿਰਫ ਇੱਕ ਔਰਤ ਮੇਰੀ ਘੁੱਗੀ ਮੇਰੀ ਭਰੀ ਪੂਰੀ ਮਾਂ ਦੀ ਹੈ ਉਹ ਲਾਡਲੀ ਆਪਣੀ ਮਾਂ ਦੀ ਲਾਡਲੀ ਧੀ! ਦੇਖਦੀਆਂ ਹਨ ਮੁਟਿਆਰਾਂ ਉਸਨੂੰ ਤੇ ਉਸਤਤ ਕਰਨ ਉਸਦੀ। ਰਾਣੀਆਂ ਤੇ ਰਖੈਲਾਂ ਵੀ ਉਸਦੀ ਉਸਤਤ ਕਰਦੀਆਂ ਹਨ।

ਔਰਤਾਂ ਉਸਦੀ ਉਸਤਤ ਕਰਦੀਆਂ ਹਨ

10ਕੌਣ ਹੈ ਉਹ ਔਰਤ ਚਮਕ ਰਹੀ ਹੈ ਜੋ ਪ੍ਰਭਾਤ ਵਾਂਗ। ਸੁੰਦਰ ਹੈ ਕੌਣ ਚੰਨ ਜਿੰਨੀ ਚਮਕੀਲੀ ਹੈ ਕੌਣ ਸੂਰਜ ਜਿੰਨੀ ਉਹ ਫ਼ੌਜਾਂ ਦੇ ਨਿਸ਼ਾਨਾਂ ਨੂੰ ਚੁੱਕਣ ਜਿੰਨੀ.।

ਉਹ ਬੋਲਦੀ ਹੈ

11ਇਹ ਗਿਰੀ ਮੇਵੇ ਦੇ ਰੁੱਖਾਂ ਦਾ ਬਾਗ਼ ਸੀ ਜਿੱਥੇ ਮੈਂ ਗਈ, ਦੇਖਣ ਲਈ ਵਾਦੀ ਵਿਚਲੀ ਜਵਾਨੀ ਨੂੰ, ਦੇਖਣ ਲਈ ਕਿ ਕੀ ਖਿੜੀਆਂ ਹੋਈਆਂ ਨੇ ਵੇਲਾਂ ਦੇਖਣ ਲਈ ਕਿ ਨਿਕਲੇ ਨੇ ਕੀ ਫੁੱਲ ਅਨਾਰਾਂ ਦੇ।

12ਇਸ ਤੋਂ ਪਹਿਲਾਂ ਕਿ ਪਤਾ ਚਲੇ ਮੈਨੂੰ, ਮੇਰਾ ਦਿਲ ਮੈਨੂੰ ਮੇਰੇ ਰਾਜਸੀ ਲੋਕਾਂ ਦੇ ਹੱਥ ਵਿੱਚ ਲੈ ਗਿਆ।

ਯਰੂਸ਼ਲਮ ਦੀਆਂ ਔਰਤਾਂ ਉਸਨੂੰ ਬੁਲਾਂਦੀਆਂ ਹਨ

13ਮੁੜ ਆ, ਮੁੜ ਆ, ਸ਼ੂਲੰਮੀਥ! ਮੁੜ ਆ, ਮੁੜ ਆ ਤਾਂ ਜੋਂ ਅਸੀਂ ਤੱਕੀਏ ਤੈਨੂੰ। ਕਿਉਂ ਤੁਸੀਂ ਹੋ ਝਾਕ ਰਹੇ ਸ਼ੂਲੰਮੀਥ ਵੱਲ, ਜਿਵੇਂ ਉਹ ਮਹਨਇਮ ਨਾਚ ਨੱਚ ਰਹੀ ਹੋਵੇ?

ਉਹ ਉਸਦੀ ਸੁੰਦਰਤਾ ਦੀ ਉਸਤਤ ਕਰਦਾ ਹੈ

7 ਸ਼ਹਿਜ਼ਾਦੀਏ ਸੁੰਦਰ ਨੇ ਪੈਰ ਤੇਰੇ ਉਨ੍ਹਾਂ ਜੁੱਤੀਆਂ ਅੰਦਰ, ਤੇਰੇ ਪੱਟਾ ਦੀਆਂ ਗੋਲਾਈਆਂ ਹਨ, ਗਹਿਣਿਆਂ ਵਾਂਗੂ ਘੜਿਆ ਜਿਨ੍ਹਾਂ ਨੂੰ ਕਿਸੇ ਕਾਰੀਗਰ ਨੇ।

2ਧੁੰਨੀ ਤੇਰੀ ਹੈ ਗੋਲ ਅਤੇ ਭਰੀ ਹੋਈ ਪਿਆਲੇ ਵਾਂਗ, ਸੱਖਣੀ ਨਾ ਹੋਵੇ ਕਦੇ ਇਹ ਮੈਅ ਤੋਂ। ਪੇਟ ਤੇਰਾ ਬੋਲ੍ਹ ਹੈ ਕਣਕ ਦਾ, ਜੋ ਘਿਰਿਆ ਹੋਇਆ ਚੰਬੇਲੀਆਂ ਨਾਲ।

3ਛਾਤੀਆਂ ਤੇਰੀਆਂ ਹਨ ਜਾਵਾਨ ਹਿਰਨੀ ਦੇ ਜੋੜੇ ਹਰਨੋਟਿਆਂ ਵਾਂਗ।

4ਗਰਦਨ ਤੇਰੀ ਹੈ ਹਾਥੀ ਦੰਦ ਦੇ ਬੁਰਜੂ ਵਰਗੀ ਅੱਖਾਂ ਤੇਰੀਆਂ ਹਨ ਹਸ਼ਬੋਨ ਦੇ ਸਰੋਵਰ ਵਰਗੀਆਂ ਬੱਥ-ਰੱਬੀਮ ਦੇ ਦਰਵਾਜ਼ੇ ਉੱਤੇ। ਤੇਰਾ ਨੱਕ ਹੈ ਲਬਾਨੋਨ ਦੇ ਬੁਰਜ ਵਰਗਾ ਜਿਸਦਾ ਰੁੱਖ ਹੈ ਦੰਮਿਸਕ ਵੱਲ।

5ਤੇਰਾ ਸਿਰ ਹੈ ਕਰਮਲ ਵਰਗਾ ਤੇ ਵਾਲ ਨੇ ਇਸ ਉੱਤੇ ਸ਼ਾਨਦਾਰ ਕੱਪੜੇ ਵਰਗੇ। ਤੇਰੇ ਲੰਮੇ ਲਹਿਰਾਂਦੇ ਵਾਲ ਆਪਣੀ ਖੂਬਸੂਰਤੀ ਨਾਲ ਰਾਜੇ ਤੇ ਵੀ ਕਬਜ਼ਾ ਕਰ ਲੈਂਦੇ ਹਨ।

6ਕਿੰਨੀ ਸਹੋਣੀ ਹੈਂ ਤੂੰ। ਤੇ ਕਿੰਨੀ ਆਨੰਦਦਾਇਕ ਹੈਂ ਤੂੰ। ਓ ਪਿਆਰ ਪ੍ਰਸੰਨਮਈ ਹੈ ਤੂੰ ਆਪਣੇ ਆਨੰਦ ਨਾਲ।

7ਲੰਮੀ ਹੈ ਤੂੰ ਖਜੂਰ ਦੇ ਰੁੱਖ ਵਾਂਗਰਾਂ ਤੇ ਛਾਤੀਆਂ ਤੇਰੀਆਂ ਨੇ ਅੰਗੂਰਾਂ ਦੇ ਗੁਛਿਆਂ ਵਰਗੀਆਂ।

8ਮੈਂ ਆਖਿਆ, “ਮੈਂ ਉਸ ਰੁੱਖ ਤੇ ਚੜ੍ਹਾਂਗਾ ਮੈਂ ਇਸ ਦੀਆਂ ਟਾਹਣੀਆਂ ਨੂੰ ਫੜ ਲਵਾਂਗਾ। ਤੇਰੀਆਂ ਛਾਤੀਆਂ ਹੋਣ ਅੰਗੂਰ ਦੇ ਗੁੱਛਿਆ ਵਰਗੀਆਂ ਤੇ ਹੋਵੇ ਤੇਰੀ ਸੇਬਾਂ ਤੇ ਸੁਗੰਧ ਹੋਵੇ ਤੇਰੀ ਸੇਬਾਂ ਵਰਗੀ।

9ਮੂੰਹ ਹੋਵੇ ਤੇਰਾ ਉਸ ਸਭ ਤੋਂ ਚੰਗੀ ਮੈਅ ਵਰਗਾ ਜਿਹੜੀ ਮੇਰੇ ਪਿਆਰ ਵੱਲ ਸਿੱਧੀ ਵਗਦੀ ਹੈ, ਜਿਹੜੀ ਸਿੱਧੀ ਵਗਦੀ ਹੈ ਉਨ੍ਹਾਂ ਦੇ ਬੁਲ੍ਹਾਂ ਵੱਲ ਜੋ ਸੌਂ ਰਹੇ ਹਨ।

ਉਹ ਉਸ ਨਾਲ ਗੱਲ ਕਰਦੀ ਹੈ

10ਮੈਂ ਹਾਂ ਆਪਣੇ ਪ੍ਰੀਤਮ ਦੀ ਅਤੇ ਉਸ ਦੀ ਇੱਛਾ ਹੈ ਮੇਰੇ ਲਈ।

11ਆ ਜਾ, ਮੇਰੇ ਪ੍ਰੀਤਮ, ਆਓ ਅਸੀਂ ਚਲੀਏ ਖੇਤਾਂ ਨੂੰ, ਆਓ ਰਾਤ ਗੁਜ਼ਾਰੀਏ ਪਿੰਡਾਂ ਅੰਦਰ।

12ਉੱਠੀਏ ਅਸੀਂ ਸਰਘੀ ਵੇਲੇ ਅਤੇ ਜਾਈਏ ਅੰਗੂਰਾਂ ਦੇ ਬਾਗ਼ਾਂ ਨੂੰ ਆਓ ਦੇਖੀਏ ਕਿ ਕੀ ਵੇਲਾਂ ਵਿੱਚ ਬਹਾਰ ਆਈ ਹੈ। ਦੇਖੀਏ ਕੀ ਫੁੱਲ ਖਿਲੇ ਹਨ। ਅਤੇ ਕੀ ਅਨਾਰਾਂ ਤੇ ਆਈ ਬਹਾਰ ਹੈ। ਉਥੇ ਅਰਪਣ ਕਰਾਂਗੀ ਮੈਂ ਤੈਨੂੰ ਪਿਆਰ ਆਪਣਾ।

13ਮੈਂਡਰੇਕਸ ਆਪਣੀ ਖੁਸ਼ਬੋ ਦੇ ਦਿੰਦੇ ਨੇ ਅਤੇ ਆਪਣੇ ਫ਼ਾਟਕਾਂ ਤੇ ਹਰ ਤਰ੍ਹਾਂ ਦੇ ਸੁਗੰਧਮਈ ਫੁੱਲ ਹਨ। ਮੇਰੇ ਪ੍ਰੀਤਮ, ਮੈਂ ਬਚਾਈਆਂ ਹਨ ਅਨੇਕਾਂ ਮਨਭਾਉਂਦੀਆਂ ਚੀਜ਼ਾਂ, ਤੇਰੇ ਲਈ ਦੋਵੇਂ ਨਵੀਆਂ ਅਤੇ ਪੁਰਾਣੀਆਂ ਵੀ।

8 ਜੇ ਤੂੰ ਹੁੰਦਾ ਮੇਰੇ ਭਰਾ ਵਰਗਾ, ਮੇਰੀ ਮਾਂ ਦੀਆਂ ਛਾਤੀਆਂ
ਤੋਂ ਚੁੰਘਦਾ ਹੋਇਆ ਫੇਰ ਜੇ ਤੂੰ ਮੈਨੂੰ ਬਾਹਰ ਮਿਲ ਜਾਂਦਾ ਤੇ
ਮੈਂ ਤੈਨੂੰ ਚੁੰਮ ਸਕਦੀ ਤੇ ਕਿਸੇ ਨੇ ਵੀ ਨਹੀਂ ਸੀ ਆਖਣਾ ਕਿ
ਗਲਤ ਹੈ ਇਹ। 2ਲੈ ਜਾਂਦੀ ਮੈਂ ਤੈਨੂੰ ਆਪਣੀ ਮਾਂ ਦੇ ਘਰ ਅੰਦਰ
ਉਹੀ ਹੈ ਜਿਸਨੇ ਮੈਨੂੰ ਸਿਖਾਇਆ। ਦਿੰਦੀ ਮੈਂ ਤੈਨੂੰ ਆਪਣੇ ਅਨਾਰਾਂ
ਵਿੱਚੋਂ ਨਿਚੋੜੀ ਮਸਾਲੇਦਾਰ ਸ਼ਰਾਬ।

ਉਹ ਔਰਤਾਂ ਨਾਲ ਗੱਲ ਕਰਦੀ ਹੈ

3ਉਸਦੀ ਖੱਬੀ ਬਾਂਹ ਹੈ ਮੇਰੇ ਸਿਰ ਹੇਠਾਂ ਅਤੇ ਉਸਦੇ ਸੱਜੇ ਹੱਥ ਨੇ ਹੈ ਫੜਿਆ ਮੈਨੂੰ ਘੁੱਟ ਕੇ।

4ਯਰੂਸ਼ਲਮ ਦੀਓ ਨਾਰੀਓ ਕਰੋ ਇਕਰਾਰ ਮੇਰੇ ਨਾਲ: ਜਗਾਓ ਨਾ ਪਿਆਰ ਨੂੰ ਉਤੇਜਿਤ ਨਾ ਕਰੋ ਪਿਆਰ ਨੂੰ ਜਿੰਨਾ ਚਿਰ ਇਹ ਜਾਗਣਾ ਨਹੀਂ ਚਾਹੁੰਦਾ।

ਯਰੂਸ਼ਲਮ ਦੀਆਂ ਔਰਤਾਂ ਬੋਲਦੀਆਂ ਹਨ

5ਕੌਣ ਹੈ ਇਹ ਔਰਤ ਮਾਰੂਥਲ ਵੱਲੋਂ ਆਉਂਦੀ ਹੋਈ ਝੁਕੀ ਹੋਈ ਆਪਣੇ ਪ੍ਰੀਤਮ ਉੱਤੇ?

ਉਹ ਉਸ ਨਾਲ ਗੱਲ ਕਰਦੀ ਹੈ

ਜਗਾਇਆ ਮੈਂ ਤੈਨੂੰ ਸੇਬ ਦੇ ਰੁੱਖ ਹੇਠਾਂ ਜਿਥੇ ਜਣਿਆਂ ਸੀ ਤੈਨੂੰ ਤੇਰੀ ਮਾਂ ਨੇ ਜਿਥੇ ਸੀ ਤੂੰ ਜੰਮਿਆਂ।

6ਰੱਖ ਮੈਨੂੰ (ਕੋਲ ਆਪਣੇ) ਮੁਹਰ ਵਾਂਗ ਜਿਸਨੂੰ ਪਹਿਨਿਆ ਹੈ ਤੂੰ ਦਿਲ ਆਪਣੇ ਉੱਤੇ ਨਿਸ਼ਾਨੀ ਵਾਲੀ ਹੋਵੇ ਜਿਵੇਂ ਅੰਗੂਠੀ ਜਿਸਨੂੰ ਪਹਿਨਿਆ ਹੈ ਤੂੰ ਹੱਥ ਵਿੱਚ। ਇਹ ਮੌਤ ਵਾਂਗ ਹੈ ਜੋ ਪਿਆਰ ਤਕੜਾ ਹੈ। ਕਬਰ ਦੇ ਜ਼ੁਲਮ ਵਰਗੀ ਹੈ ਈਰਖਾ। ਇਸਦੀ ਲਾਟ ਹੈ ਅੱਗ ਦੇ ਭਾਂਬੜ ਵਾਂਗ।

7ਬਹੁਤ ਸਾਰਾ ਪਾਣੀ ਵੀ ਪਿਆਰ ਨੂੰ ਬੁਝਾ ਨਹੀਂ ਸਕਦਾ। ਅਤੇ ਇੱਕ ਦਰਿਆ ਪਿਆਰ ਨੂੰ ਡੁਬੋ ਨਹੀਂ ਸਕਦਾ। ਲੋਕ ਤਿਰਸਕਾਰਨਗੇ ਉਸ ਬੰਦੇ ਨੂੰ, ਭੇਟ ਕਰ ਦਿੰਦਾ ਹੈ ਜੋ ਪਿਆਰ ਲਈ ਆਪਣੀਆਂ ਸਾਰੀਆਂ ਅਮੀਰੀਆਂ ਨੂੰ।

ਉਸ ਦੇ ਭਰਾ ਬੋਲਦੇ ਹਨ

8ਸਾਡੀ ਇੱਕ ਛੋਟੀ ਭੈਣ ਹੈ। ਅਤੇ ਉਸਦੀਆਂ ਛਾਤੀਆਂ ਨਹੀਂ ਅਜੇ ਫੁੱਲੀਆਂ। ਕੀ ਕਰੀਏ ਅਸੀਂ ਆਪਣੀ ਭੈਣ ਲਈ ਜਦੋਂ ਆਉਂਦਾ ਹੈ ਇੱਕ ਬੰਦਾ ਤੇ ਮੰਗਦਾ ਹੈ ਹੱਥ ਉਸਦਾ।

9ਜੇਕਰ ਹੁੰਦੀ ਇੱਕ ਕੰਧ ਉਹ, ਅਸੀਂ ਉਸ ਉਤੇ ਚਾਂਦੀ ਦਾ ਮੁਨਾਰਾ ਉਸਾਰ ਦਿੰਦੇ। ਜੇਕਰ ਹੁੰਦੀ ਇੱਕ ਦਰਵਾਜ਼ਾ ਉਹ, ਅਸੀਂ ਦਿਆਰ ਦੀਆਂ ਸ਼ਤੀਰਾਂ ਨਾਲ ਉਸਦੀ ਕਿਲਾਬੰਦੀ ਕਰ ਦਿੰਦੇ।

ਉਹ ਆਪਣੇ ਭਰਾਵਾਂ ਨੂੰ ਜਵਾਬ ਦਿੰਦੀ ਹੈ

10ਮੈਂ ਹਾਂ ਇੱਕ ਕੰਧ ਤੇ ਛਾਤੀਆਂ ਮੇਰੀਆਂ ਨੇ ਮੁਨਾਰਿਆਂ
ਵਰਗੀਆਂ। ਅਤੇ ਉਹ ਹੈ ਖੁਸ਼ ਮੇਰੇ ਨਾਲ।

ਉਹ ਬੋਲਦਾ ਹੈ

11ਬਆਲ-ਹਮੋਨ ਵਿੱਚ ਅੰਗੂਰਾਂ ਦਾ ਇੱਕ ਬਾਗ਼ ਸੀ ਜੋ ਸੁਲੇਮਾਨ
ਦਾ ਸੀ। ਉਸਨੇ ਬਾਗ਼ ਨੂੰ ਰਾਖਿਆਂ ਨੂੰ ਕਿਰਾਏ ਤੇ ਦੇ ਦਿੱਤਾ। ਅਤੇ
ਹਰ ਆਦਮੀ ਨੇ ਇਸਦੇ ਫ਼ਲ ਲਈ 1,000 ਚਾਂਦੀ ਦੇ ਸਿੱਕੇ
ਲਿਆਉਣੇ ਸੀ। 12ਸੁਲੇਮਾਨ ਰੱਖ ਸਕਦਾ ਹੈ ਤੂੰ ਆਪਣੇ 1,000
ਚਾਂਦੀ ਦੇ ਸਿੱਕੇ। ਦੇਹ 200 ਸਿੱਕੇ ਹਰ ਇੱਕ ਬੰਦੇ ਨੂੰ ਲਿਆਂਦੇ
ਜਿਸਨੇ ਅੰਗੂਰ ਜਿਹੜੇ। ਪਰ ਮੈਂ ਰੱਖਾਂਗਾ ਕੋਲ ਆਪਣੇ ਅੰਗੂਰਾਂ
ਦਾ ਬਾਗ।

ਉਹ ਉਸ ਨਾਲ ਗੱਲ ਕਰਦਾ ਹੈ

13ਇਥੇ ਤੂੰ ਬੈਠੀ ਹੈਂ ਬਾਗ ਅੰਦਰ ਮਿੱਤਰ ਸੁਣ ਰਹੇ ਨੇ ਆਵਾਜ਼
ਤੇਰੀ। ਮੈਨੂੰ ਵੀ ਸੁਣਨ ਦੇ ਇਸਨੂੰ।

ਉਹ ਉਸ ਨੂੰ ਆਖਦੀ ਹੈ

14ਛੇਤੀ ਕਰ ਮੇਰੇ ਪ੍ਰੀਤਮ। ਬਣ ਜਾ ਕਿਸੇ ਹਿਰਨ ਜਾਂ ਹਰਨੋਟੇ
ਵਰਗਾ ਮਸਾਲਿਆਂ ਦੇ ਪਰਬਤ ਉੱਤੇ।

License Agreement for Bible Texts

World Bible Translation Center
Last Updated: September 21, 2006

Copyright © 2006 by World Bible Translation Center
All rights reserved.

These Scriptures:
- Are copyrighted by World Bible Translation Center.
- Are not public domain.
- May not be altered or modified in any form.
- May not be sold or offered for sale in any form.
- May not be used for commercial purposes (including, but not limited to, use in advertising or Web banners used for the purpose of selling online add space).
- May be distributed without modification in electronic form for non-commercial use. However, they may not be hosted on any kind of server (including a Web or ftp server) without written permission. A copy of this license (without modification) must also be included.
- May be quoted for any purpose, up to 1,000 verses, without written permission. However, the extent of quotation must not comprise a complete book nor should it amount to more than 50% of the work in which it is quoted. A copyright notice must appear on the title or copyright page using this pattern: "Taken from the HOLY BIBLE: EASY-TO-READ VERSION™ © 2006 by World Bible Translation Center, Inc. and used by permission." If the text quoted is from one of WBTC's non-English versions, the printed title of the actual text quoted will be substituted for "HOLY BIBLE: EASY-TO-READ VERSION™." The copyright notice must appear in English or be translated into another language. When quotations from WBTC's text are used in non-saleable media, such as church bulletins, orders of service, posters, transparencies or similar media, a complete copyright notice is not required, but the initials of the version (such as "ERV" for the Easy-to-Read Version™ in English) must appear at the end of each quotation.

Any use of these Scriptures other than those listed above is prohibited. For additional rights and permission for usage, such as the use of WBTC's text on a Web site, or for clarification of any of the above, please contact World Bible Translation Center in writing or by email at distribution@wbtc.com.

World Bible Translation Center
P.O. Box 820648
Fort Worth, Texas 76182, USA
Telephone: 1-817-595-1664
Toll-Free in US: 1-888-54-BIBLE
E-mail: info@wbtc.com

WBTC's web site – World Bible Translation Center's web site: http://www.wbtc.org

Order online – To order a copy of our texts online, go to: http://www.wbtc.org

Current license agreement – *This license is subject to change without notice. The current license can be found at:* http://www.wbtc.org/downloads/biblelicense.htm

Trouble viewing this file – If the text in this document does not display correctly, use Adobe Acrobat Reader 5.0 or higher. Download Adobe Acrobat Reader from: http://www.adobe.com/products/acrobat/readstep2.html

Viewing Chinese or Korean PDFs – To view the Chinese or Korean PDFs, it may be necessary to download the Chinese Simplified or Korean font pack from Adobe. Download the font packs from: http://www.adobe.com/products/acrobat/acrrasianfontpack.html